# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 07-03-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਵਿਕਸਤ ਭਾਰਤ ਦਾ ਦ੍ਰਿਸ਼ਟੀਕੋਣ ਸਿਰਫ਼ ਇੱਕ ਸਿਹਤਮੰਦ ਭਾਰਤ ਦੀ ਸਿਰਜਣਾ ਨਾਲ ਹੀ ਪ੍ਰਾਪਤ ਕੀਤਾ ਜਾ ਸਕਦਾ ਏ।
- ਜੈਨਰਿਕ ਦਵਾਈਆਂ ਬਾਰੇ ਜਾਗਰੂਕਤਾ ਵਧਾਉਣ ਲਈ, ਅੱਜ ਜਨ ਔਸ਼ਧੀ ਦਿਹਾੜਾ ਮਨਾਇਆ ਜਾ ਰਿਹਾ ਏ।
- ਪੰਜਾਬ ਸਰਕਾਰ ਵਲੋਂ ਔਰਤਾਂ ਦੀ ਸੁਰੱਖਿਆ ਅਤੇ ਸਨਮਾਨ ਨੂੰ ਯਕੀਨੀ ਬਣਾਉਣ ਲਈ, 'ਪ੍ਰੋਜੈਕਟ ਹਿਫਾਜਤ' ਦੀ ਸ਼ੁਰੂਆਤ ।
- ਪੰਜਾਬ ਪੁਲਿਸ ਨੇ ਅੱਜ ਜਲੰਧਰ ਵਿੱਚ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਸਮਰਥਨ ਵਾਲੇ ਅੱਤਵਾਦੀ ਮਾਡਿਊਲ ਦੇ ਤਿੰਨ ਕਾਰਕੁਨਾਂ ਨੂੰ ਹਥਿਆਰਾਂ ਅਤੇ ਗੋਲਾ ਬਾਰੂਦ ਸਮੇਤ ਕੀਤਾ ਗ੍ਰਿਫ਼ਤਾਰ।

-----------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਵਿਕਸਤ ਭਾਰਤ ਦਾ ਦ੍ਰਿਸ਼ਟੀਕੋਣ ਸਿਰਫ਼ ਇੱਕ ਸਿਹਤਮੰਦ ਭਾਰਤ ਦੀ ਸਿਰਜਣਾ ਨਾਲ ਹੀ ਪ੍ਰਾਪਤ ਕੀਤਾ ਜਾ ਸਕਦਾ ਏ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਆਮ ਆਦਮੀ ਦੀਆਂ ਜ਼ਰੂਰਤਾਂ ਪ੍ਰਤੀ ਬਹੁਤ ਸੰਵੇਦਨਸ਼ੀਲ ਏ , ਪ੍ਰਧਾਨ ਮੰਤਰੀ ਨੇ ਸਿਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਕਿਫਾਇਤੀ ਕੀਮਤਾਂ 'ਤੇ ਦਵਾਈਆਂ ਪ੍ਰਦਾਨ ਕਰਨ ਲਈ ਜਨ ਔਸ਼ਧੀ ਕੇਂਦਰਾਂ ਦੇ ਨੈੱਟਵਰਕ ਦਾ ਵਿਸਥਾਰ ਕਰਨ ਲਈ ਆਪਣੀ ਸਰਕਾਰ ਦੇ ਉਪਰਾਲਿਆਂ ਨੂੰ ਉਜਾਗਰ ਕੀਤਾ। ਪ੍ਰਧਾਨ ਮੰਤਰੀ ਮੋਦੀ ਨੇ ਕੇਂਦਰ ਸ਼ਾਸਤ ਪ੍ਰਦੇਸ਼ ਦਾਦਰਾ ਅਤੇ ਨਗਰ ਹਵੇਲੀ, ਦੀਉ ਅਤੇ ਦਮਨ ਨੂੰ ਦੇਸ਼ ਦੀ ਵਿਰਾਸਤ ਕਿਹਾ ਏ ਅਤੇ ਇਸਨੂੰ ਸਮਾਵੇਸ਼ੀ ਵਿਕਾਸ ਦੇ ਨਾਲ ਇੱਕ ਮਾਡਲ ਰਾਜ ਵਿੱਚ ਬਦਲਣ ਲਈ ਆਪਣੀ ਸਰਕਾਰ ਦੇ ਯਤਨਾਂ ਜ਼ਿਕਰ ਕੀਤਾ। ਸਿਲਵਾਸਾ ਵਿਖੇ ਜਨਤਕ ਇਕੱਠ ਨੂੰ ਸੰਬੋਧਨ ਕਰਦੇ ਹੋਏ, ਉਨ੍ਹਾਂ ਕਿਹਾ ਕਿ ਪਿਛਲੇ ਸਾਲਾਂ ਦੌਰਾਨ, ਕੇਂਦਰ ਸ਼ਾਸਤ ਪ੍ਰਦੇਸ਼ ਨੇ ਵਿਸ਼ਵ ਪੱਧਰੀ ਬੁਨਿਆਦੀ ਢਾਂਚੇ, ਸੰਪਰਕ, ਸਿਹਤ ਸੰਭਾਲ, ਸਿੱਖਿਆ ਅਤੇ

ਸੈਰ-ਸਪਾਟੇ ਦੇ ਮਾਮਲੇ ਵਿੱਚ ਵਿਕਾਸ ਵਿੱਚ ਇੱਕ ਵਿਲੱਖਣ ਪਛਾਣ ਪ੍ਰਾਪਤ ਕੀਤੀ ਏ । ਉਨ੍ਹਾਂ ਨੇ ਕਈ ਸਮਾਜਿਕ ਸੁਰੱਖਿਆ ਯੋਜਨਾਵਾਂ ਨੂੰ ਪੂਰਾ ਕਰਨ ਵਿਚ ਪ੍ਰਾਪਤ ਕਰਨ ਲਈ ਪ੍ਰਸ਼ਾਸਨ ਦੀ ਵੀ ਸ਼ਲਾਘਾ ਕੀਤੀ। ਇਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਮੋਦੀ ਨੇ ਸਿਲਵਾਸਾ ਵਿਖੇ ਨਮੋ ਹਸਪਤਾਲ ਦੇ ਪਹਿਲੇ ਗੇੜ ਦਾ ਉਦਘਾਟਨ ਕੀਤਾ । 450 ਬਿਸਤਰਿਆਂ ਵਾਲਾ ਨਮੋ ਹਸਪਤਾਲ 460 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਬਣਾਇਆ ਗਿਆ ਏ ।

**BYTE:**

ਸ਼ਾਮ ਨੂੰ, ਪ੍ਰਧਾਨ ਮੰਤਰੀ ਸੂਰਤ ਖੁਰਾਕ ਸੁਰੱਖਿਆ ਸੰਪੂਰਨਤਾ ਮੁਹਿੰਮ ਦੀ ਸ਼ੁਰੂਆਤ ਕਰਨ ਲਈ ਗੁਜਰਾਤ ਦੇ ਸੂਰਾ ਪੁਹੰਚ ਗਏ ਨੇ ।

---------------------------------------------------

ਅੱਜ ਜਨ ਔਸ਼ਧੀ ਦਿਹਾੜਾ ਮਨਾਇਆ ਜਾ ਰਿਹਾ ਏ । ਇਹ ਦਿਨ ਯੋਜਨਾ ਬਾਰੇ ਜਾਗਰੂਕਤਾ ਵਧਾਉਣ ਅਤੇ ਜੈਨਰਿਕ ਦਵਾਈਆਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ ਮਨਾਇਆ ਜਾਂਦਾ ਏ । ਪ੍ਰਧਾਨ ਮੰਤਰੀ ਭਾਰਤੀ ਜਨਔਸ਼ਧੀ ਯੋਜਨਾ ਦਾ ਉਦੇਸ਼ ਸਾਰਿਆਂ ਨੂੰ ਸਸਤੀਆਂ

ਕੀਮਤਾਂ 'ਤੇ ਗੁਣਵੱਤਾ ਵਾਲੀਆਂ ਜੈਨਰਿਕ ਦਵਾਈਆਂ ਮੁਹੱਈਆ ਕਰਵਾਉਣਾ ਏ । ਰਸਾਇਣ ਅਤੇ ਖਾਦ ਮੰਤਰਾਲੇ ਨੇ ਇਸ ਪਹਿਲ ਦਾ ਸਮਰਥਨ ਕਰਨ ਲਈ ਦੇਸ਼ ਭਰ ਵਿੱਚ ਹਫ਼ਤਾ ਭਰ ਦੀਆਂ ਗਤੀਵਿਧੀਆਂ ਦਾ ਆਯੋਜਨ ਕੀਤਾ ਏ । ਇਸ ਯੋਜਨਾ ਦੇ ਤਹਿਤ ਦਵਾਈਆਂ ਬਾਜ਼ਾਰ ਤੋਂ 50 ਤੋਂ 80 ਫੀਸਦੀ ਘੱਟ ਕੀਮਤ 'ਤੇ ਉਪਲਬਧ ਕਰਵਾਈਆਂ ਜਾਂਦੀਆਂ ਨੇ । ਇਹ ਉਤਪਾਦਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਸਿਰਫ ਪ੍ਰਮਾਣਿਤ ਨਿਰਮਾਤਾਵਾਂ ਤੋਂ ਖਰੀਦੀਆਂ ਗਈਆਂ ਦਵਾਈਆਂ ਪ੍ਰਦਾਨ ਕਰਦਾ ਏ । ਇਸ ਪਹਿਲ ਦੇ ਤਹਿਤ ਕੀਤੀਆਂ ਗਈਆਂ ਪ੍ਰਮੁੱਖ ਪਹਿਲਕਦਮੀਆਂ ਵਿੱਚੋਂ ਇੱਕ ਸੈਨੇਟਰੀ ਨੈਪਕਿਨ ਦੀ ਸਹੂਲਤ ਏ । ਦੇਸ਼ ਦੇ ਸਾਰੇ ਜ਼ਿਲ੍ਹਿਆਂ ਵਿੱਚ ਹੁਣ 15 ਹਜ਼ਾਰ ਤੋਂ ਵੱਧ ਜਨ ਔਸ਼ਧੀ ਕੇਂਦਰ ਕਾਰਜਸ਼ੀਲ ਨੇ ਅਤੇ ਇਸ ਯੋਜਨਾ ਨੇ ਸਵੈ-ਰੋਜ਼ਗਾਰ ਦੇ ਇੱਕ ਸ਼ਾਨਦਾਰ ਅਵਸਰ ਪੈਦਾ ਕੀਤੇ ਨੇ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਜਨ ਔਸ਼ਧੀ ਦਿਵਸ ਲੋਕਾਂ ਨੂੰ ਉੱਚ ਗੁਣਵੱਤਾ ਅਤੇ ਸਸਤੀਆਂ ਦਵਾਈਆਂ ਮੁਹੱਈਆ

ਕਰਵਾਉਣ ਦੀ ਸਰਕਾਰ ਦੀ ਪ੍ਰਤੀਬੱਧਤਾ ਨੂੰ ਦਰਸਾਉਂਦਾ ਏ । ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਗੁਣਵੱਤਾ ਵਾਲੀਆਂ ਦਵਾਈਆਂ ਹੁਣ ਦੇਸ਼ ਦੇ ਹਰ ਕੋਨੇ ਤੱਕ ਪਹੁੰਚ ਰਹੀਆਂ ਨੇ ਅਤੇ ਜਨ ਔਸ਼ਧੀ ਮਾਡਲ ਹੁਣ ਦੁਨੀਆ ਨੂੰ ਪ੍ਰੇਰਿਤ ਕਰ ਰਿਹਾ ਏ ।

---------------------------------------------------------------

ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਭਾਰਤੀ ਜਨ ਔਸ਼ਧੀ ਯੋਜਨਾ ਬੇਹਤਰ ਵੀ ਕਿਫਾਇਤੀ ਵੀ ਦੇ ਮੰਤਰ ਨਾਲ ਸਾਰਿਆਂ ਲਈ ਸਿਹਤ ਸੰਭਾਲ ਵਿੱਚ ਕ੍ਰਾਂਤੀ ਲਿਆ ਰਹੀ ਏ । ਪ੍ਰਧਾਨ ਮੰਤਰੀ ਭਾਰਤੀ ਜਨ ਔਸ਼ਧੀ ਯੋਜਨਾ ਦਾ ਜ਼ਿਕਰ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਇਹ ਪਹਿਲ ਇਹ ਯਕੀਨੀ ਬਣਾਉਂਦੀ ਏ ਕਿ ਹਰੇਕ ਭਾਰਤੀ ਨੂੰ ਜ਼ਰੂਰੀ ਸਿਹਤ ਸੇਵਾਵਾਂ ਮਿਲਣ ।

BYTE:

---------------------------------------------------------------

ਪੰਜਾਬ ਸਰਕਾਰ ਵੱਲੋਂ ਗਰੀਬ ਪਰਿਵਾਰਾਂ ਦੀ ਸਹਾਇਤਾ ਲਈ ਰਾਸ਼ਟਰੀ ਪਰਿਵਾਰਿਕ ਲਾਭ ਯੋਜਨਾ ਤਹਿਤ ਘਰ ਦੇ ਕਮਾਊ ਮੁੱਖੀ ਦੀ ਮੌਤ ਹੋ

ਜਾਣ 'ਤੇ ਪਰਿਵਾਰ ਨੂੰ 20 ਹਜ਼ਾਰ ਰੁਪਏ ਦੀ ਯੱਕ-ਮੁਸ਼ਤ ਵਿੱਤੀ ਸਹਾਇਤਾ ਦਿੱਤੀ ਜਾਂਦੀ ਏ। ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਕਿਸੇ ਵੀ ਪ੍ਰਕਾਰ ਦੀ ਮੌਤ ਹੋਣ ਦੀ ਸਥਿਤੀ ਵਿੱਚ ਗਰੀਬ ਪਰਿਵਾਰ ਨਿਰਧਾਰਿਤ ਯੋਗਤਾਵਾਂ ਪੂਰੀ ਕਰਨ 'ਤੇ ਇਸ ਸਕੀਮ ਦਾ ਲਾਭ ਲੈ ਸਕਦੇ ਨੇ। ਉਨ੍ਹਾਂ ਨੇ ਦੱਸਿਆ ਕਿ ਪਰਿਵਾਰ ਵਿੱਚ ਕੋਈ ਮਹਿਲਾ, ਜੋ ਘਰ ਦੀ ਆਮਦਨ ਦਾ ਸਰੋਤ ਹੋਵੇ, ਉਹ ਵੀ ਘਰ ਦੀ ਕਮਾਉ ਮੁੱਖੀ ਮੰਨੀ ਜਾਵੇਗੀ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਵੀ ਇਹ ਮਦਦ ਦਿੱਤੀ ਜਾਵੇਗੀ। ਇਸ ਯੋਜਨਾ ਅਧੀਨ ਪਰਿਵਾਰ ਸ਼ਬਦ ਵਿੱਚ ਪਤੀ-ਪਤਨੀ, ਛੋਟੇ ਬੱਚੇ, ਅਣ-ਵਿਆਹੀਆਂ ਲੜਕੀਆਂ, ਆਸ਼ਰਿਤ ਮਾਤਾ-ਪਿਤਾ ਕਵਰ ਹੋਣਗੇ। ਜੇਕਰ ਅਣਵਿਆਹੇ ਵਿਅਕਤੀ ਦੀ ਮੌਤ ਹੋ ਜਾਂਦੀ ਏ , ਤਾਂ ਉਸ ਦੇ ਪਰਿਵਾਰ ਵਿੱਚ ਛੋਟੇ ਭਰਾ/ਭੈਣ ਜਾਂ ਆਸ਼ਰਿਤ ਮਾਤਾ-ਪਿਤਾ ਨੂੰ ਇਹ ਸਹਾਇਤਾ ਮਿਲੇਗੀ। ਜ਼ਿਕਰਯੋਗ ਏ ਕਿ ਕਮਾਊ ਮੁੱਖੀ ਦੀ ਮੋਤ 18 ਸਾਲ ਤੋਂ ਵੱਧ ਅਤੇ 60 ਸਾਲ ਤੋਂ ਘੱਟ ਉਮਰ ਵਿੱਚ ਹੋਈ ਹੋਵੇ। ਉਨ੍ਹਾਂ ਇਹ ਵੀ ਕਿਹਾ ਕਿ 2011 ਦੀ ਜਨਗਣਨਾ ਅਨੁਸਾਰ ਜੋ ਪਰਿਵਾਰ ਗਰੀਬੀ ਰੇਖਾ ਤੋਂ ਹੇਠਾਂ ਅਤੇ

ਸਮਾਜਿਕ ਆਰਥਿਕ ਜਾਤੀ ਅਧੀਨ ਕਵਰ ਹੁੰਦੇ ਹਨ ਇਸ ਸਕੀਮ ਦਾ ਲਾਭ ਲੈ ਸਕਦੇ ਨੇ।

---------------------------------------------------------------

ਪੰਜਾਬ ਸਰਕਾਰ ਨੇ ਔਰਤਾਂ ਦੀ ਸੁਰੱਖਿਆ ਅਤੇ ਸਨਮਾਨ ਨੂੰ ਯਕੀਨੀ ਬਣਾਉਣ ਲਈ, 'ਪ੍ਰੋਜੈਕਟ ਹਿਫਾਜਤ' ਦੀ ਸ਼ੁਰੂਆਤ ਕੀਤੀ ਏ । ਕਲ ਮਨਾਏ ਜਾ ਰਹੇ ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਿਤ ਇਸ ਪਹਿਲ ਦਾ ਉਦੇਸ਼, ਔਰਤਾਂ ਅਤੇ ਬੱਚਿਆਂ ਵਿਰੁੱਧ ਹਿੰਸਾ ਨੂੰ ਘਟਾਉਣਾ ਏ । ਕੇਂਦਰ ਸਰਕਾਰ ਦੇ ਦੋ ਮਿਸ਼ਨਾਂ-'ਮਿਸ਼ਨ ਸ਼ਕਤੀ' ਅਤੇ 'ਮਿਸ਼ਨ ਵਾਤਸਾਲਿਆ' ਤਹਿਤ ਸੱਤੇ ਦਿਨ 24 ਘੰਟੇ ਚੌਵੀ ਘੰਟੇ, ਮਹਿਲਾ ਅਤੇ ਬਾਲ ਹੈਲਪਲਾਈਨ, 'ਪ੍ਰੋਜੈਕਟ ਹਿਫਾਜਤ' ਦੀ ਰੀੜ ਵਜੋਂ ਕੰਮ ਕਰੇਗੀ। ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ.ਬਲਜੀਤ ਕੌਰ ਨੇ ਕਿਹਾ ਕਿ ਇਸ ਪ੍ਰੋਜੈਕਟ ਦਾ ਉਦੇਸ਼ ਉਸ ਡਰ ਨੂੰ ਖਤਮ ਕਰਨਾ ਏ, ਜੋ ਘਰੇਲੂ ਹਿੰਸਾ, ਕੰਮ ਵਾਲੀ ਥਾਂ 'ਤੇ ਤੰਗ ਪ੍ਰੇਸ਼ਾਨੀ ਜਾਂ ਕਿਸੇ ਹੋਰ ਕਿਸਮ ਦੇ ਸ਼ੋਸ਼ਣ ਦੀ ਰਿਪੋਰਟ ਕਰਨ ਤੋਂ ਰੋਕਦਾ ਏ । ਉਨ੍ਹਾਂ ਸਾਰੀਆਂ

ਔਰਤਾਂ ਨੂੰ  ਕਿਸੇ ਵੀ ਐਮਰਜੈਂਸੀ ਸਥਿਤੀ ਦੌਰਾਨ ਹੈਲਪਲਾਈਨ ਨੰਬਰ 181 'ਤੇ ਕਾਲ ਕਰਨ ਦੀ ਅਪੀਲ ਕੀਤੀ ।

-----------------------------------------------------------

ਪੰਜਾਬ ਯੂਨੀਵਰਸਿਟੀ ਵਿਚ 10ਵੀਂ ਚੰਡੀਗੜ੍ਹ ਸਮਾਜਿਕ ਵਿਗਿਆਨ ਕਾਂਗਰਸ (ਚੈਸਕੋਂਗ) ਅੱਜ ਵਿਆਪਕ ਵਿਚਾਰ ਵਟਾਂਦਰੇ ਵਾਲੇ ਅਕਾਦਮਿਕ ਸੈਸ਼ਨਾਂ ਤੋਂ ਬਾਅਦ ਸਮਾਪਤ ਹੋਈ, ਜਿਸ ਵਿੱਚ ਉੱਘੇ ਸਮਾਜਿਕ ਵਿਗਿਆਨ ਵਿਦਵਾਨ ਸ਼ਾਮਲ ਰਹੇ । ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੇ ਪ੍ਰਸਿੱਧ ਰਾਜਨੀਤਿਕ ਵਿਗਿਆਨੀ, ਪ੍ਰੋਫੈਸਰ ਗੁਰਪ੍ਰੀਤ ਮਹਾਜਨ ਨੇ  ਸਮਕਾਲੀ ਸਮੇਂ ਵਿੱਚ ਉੱਦਮ ਦੁਆਰਾ ਦਰਪੇਸ਼ ਚੁਣੌਤੀਆਂ ਨੂੰ ਦੇਖਦੇ ਹੋਏ ਸਮਾਜਿਕ ਵਿਗਿਆਨ ਦੇ ਭਵਿੱਖ ਬਾਰੇ ਚਰਚਾ ਕੀਤੀ। ਉਨ੍ਹਾਂ  ਇੱਕ ਚੰਗੇ ਜੀਵਨ ਅਤੇ ਇੱਕ ਚੰਗੇ ਸਮਾਜ ਦਾ ਗਠਨ ਕਰਨ ਵਾਲੇ ਮਹੱਤਵਪੂਰਨ ਗੱਲਬਾਤ ਨੂੰ ਲਈ ਚੈਸਕੋਂਗ ਦੇ ਯਤਨਾਂ ਦੀ ਸ਼ਲਾਘਾ ਕੀਤੀ । 33 ਵਿਭਾਗਾਂ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਪੇਪਰ ਪੇਸ਼ਕਾਰੀਆਂ ਲਈ 'ਸਰਬੋਤਮ ਪੇਪਰ' ਪੁਰਸਕਾਰ ਦਿੱਤੇ ਗਏ ।

-------------------------------------------------

ਪੰਜਾਬ ਪੁਲਿਸ ਨੇ ਅੱਜ ਜਲੰਧਰ ਵਿੱਚ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਸਮਰਥਨ ਵਾਲੇ ਅੱਤਵਾਦੀ ਮਾਡਿਊਲ ਦੇ ਤਿੰਨ ਕਾਰਕੁਨਾਂ ਨੂੰ ਹਥਿਆਰਾਂ ਅਤੇ ਗੋਲਾ ਬਾਰੂਦ ਸਮੇਤ ਗ੍ਰਿਫ਼ਤਾਰ ਕੀਤਾ ਏ । ਉਨ੍ਹਾਂ ਦੀ ਗ੍ਰਿਫ਼ਤਾਰੀ ਨਾਲ ਮਾਡਿਊਲ ਦੇ ਅੰਤਰ-ਰਾਸ਼ਟਰੀ ਸਬੰਧਾਂ ਦਾ ਖੁਲਾਸਾ ਹੋਇਆ ਏ ਜੋ ਨੌਜਵਾਨਾਂ ਨੂੰ ਸੂਬੇ ਵਿੱਚ ਦੇਸ਼ ਵਿਰੋਧੀ ਗਤੀਵਿਧੀਆਂ ਕਰਨ ਲਈ ਪ੍ਰੇਰਿਤ ਕਰ ਰਿਹਾ ਸੀ। ਵਧੀਕ ਇੰਸਪੈਕਟਰ ਜਨਰਲ ਆਫ਼ ਪੁਲਿਸ, ਨਵਜੋਤ ਸਿੰਘ ਮਾਹਲ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਦੇ ਕਬਜ਼ੇ ਵਿੱਚੋਂ ਕਾਰਤੂਸਾਂ ਸਮੇਤ 4 ਪਿਸਤੌਲ ਬਰਾਮਦ ਕੀਤੇ ਗਏ ਨੇ । ਉਨ੍ਹਾਂ ਦੀ ਪਛਾਣ ਜਗਰੂਪ ਸਿੰਘ, ਸੁਖਜੀਤ ਸਿੰਘ ਅਤੇ ਨਵਪ੍ਰੀਤ ਸਿੰਘ ਵਜੋਂ ਹੋਈ ਏ । ਇਸ ਮਾਡਿਊਲ ਨੂੰ ਅਮਰੀਕਾ ਸਥਿਤ ਇੱਕ ਗੈਂਗਸਟਰ ਗੁਰਪ੍ਰੀਤ ਸਿੰਘ ਚਲਾ ਰਿਹਾ ਸੀ, ਜੋ ਪਾਕਿਸਤਾਨ ਸਥਿਤ ਇੱਕ ਅੱਤਵਾਦੀ ਅਤੇ ਇੱਕ ਯੂਨਾਨ ਸਥਿਤ ਸਾਥੀ ਨਾਲ ਮਿਲ ਕੇ ਪੰਜਾਬ ਵਿੱਚ ਨੌਜਵਾਨਾਂ ਨੂੰ ਅਪਰਾਧ ਕਰਨ ਲਈ ਪ੍ਰੇਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਸੀ। ਇਥੇ ਜ਼ਿਕਰਯੋਗ ਏ, ਕਿ ਇਨਾ ਦਿਨਾਂ 'ਚ ਦੂਜੀ ਘਟਨਾ ਏ, ਜਿਸ

ਵਿੱਚ ਬੱਬਰ ਖਾਲਸਾ ਇੰਟਰ-ਨੈਸ਼ਨਲ ਦੇ ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ । ਕੱਲ੍ਹ, ਉੱਤਰ ਪ੍ਰਦੇਸ਼ ਪੁਲਿਸ ਅਤੇ ਪੰਜਾਬ ਪੁਲਿਸ ਨੇ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਉਤਰ ਪ੍ਰਦੇਸ਼ ਦੇ ਕੌਸ਼ਾਂਬੀ ਤੋਂ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਇੱਕ ਸਰਗਰਮ ਕਾਰਕੁਨ ਨੂੰ ਵਿਸਫੋਟਕਾਂ ਅਤੇ ਹਥਿਆਰਾਂ ਅਤੇ ਗੋਲਾ ਬਾਰੂਦ ਸਮੇਤ ਗ੍ਰਿਫ਼ਤਾਰ ਕੀਤਾ ਏ ਜੋ ਅੰਮ੍ਰਿਤਸਰ ਦਾ ਰਹਿਣ ਵਾਲਾ ਏ ।

---------------------------------------------------------------

ਪਹਿਲਾ ਆਲ ਇੰਡੀਆ ਪੁਲਿਸ ਕਬੱਡੀ ਕਲੱਸਟਰ, ਅੱਜ ਜਲੰਧਰ ਦੇ ਪੀ.ਏ.ਪੀ. ਵਿਖੇ ਖਤਮ ਹੋਇਆ।ਇਸ ਕਬੱਡੀ ਕਲੱਸਟਰ ਵਿੱਚ, ਓਵਰਆਲ ਪਹਿਲਾ ਸਥਾਨ, ਪੰਜਾਬ ਪੁਲਿਸ ਵਲੋਂ ਹਾਸਲ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਏਡੀਜੀਪੀ ਅਨੀਤਾ ਪੁੰਜ ਨੇ ਦੱਸਿਆ ਕਿ, ਇਸ ਕਬੱਡੀ ਕਲੱਸਟਰ ਵਿੱਚ 29 ਟੀਮਾਂ ਨੇ ਹਿੱਸਾ ਲਿਆ ਏ, ਜਿਸ ਵਿੱਚ, ਪੰਜਾਬ ਪੁਲਿਸ ਨੇ ਪਹਿਲਾ ਸਥਾਨ ਹਾਸਿਲ ਕੀਤਾ ਏ। ਇਸ ਵਿੱਚ paramilitary ਫੋਰਸ ਸਮੇਤ 1600 ਖਿਡਾਰੀ ਨੇ ਹਿੱਸਾ ਲਿਆ। ਇਸ ਖੇਡ ਰਾਹੀਂ, ਨੌਜਵਾਨਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਏ ਅਤੇ

ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਉਪਰਾਲੇ ਕੀਤੇ ਜਾ ਰਹੇ ਨੇ. ਪੀ.ਏ.ਪੀ 'ਚ ਚੱਲ ਰਹੇ ਇਹ ਖੇਡ ਮੁਕਾਬਲੇ 3 ਦਿਨ ਤੱਕ ਚੱਲੇ। ਇਨ੍ਹਾਂ 'ਚ ਕਬੱਡੀ, ਜਿਮਨਾਸਟਿਕ, ਤਲਵਾਰਬਾਜ਼ੀ ਤੇ ਖੋ-ਖੋ ਦੇ ਮੈਚ ਕਰਵਾਏ ਗਏ ਅਤੇ 30 ਰਾਜਾਂ ਦੀਆਂ ਟੀਮਾਂ ਨੇ ਇਸ 'ਚ  ਹਿੱਸਾ ਲਿਆ।